ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਮੋਗਾ

**ਟ੍ਰੈਫਿਕ ਦੀ ਸਮੱਸਿਆ ਨੂੰ ਦੂਰ ਕਰਨ ਅਤੇ ਸੁਚਾਰੂ ਆਵਾਜਾਈ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਯਤਨਸ਼ੀਲ**

- **10 ਤੋ 16 ਜਨਵਰੀ 2016 ਤੱਕ ਸੜਕ ਸੁਰੱਖਿਆ ਹਫ਼ਤੇ ਦੌਰਾਨ ਲੋਕਾਂ ਨੂੰ ਟ੍ਰੈਫ਼ਿਕ ਨਿਯਮਾਂ ਬਾਰੇ ਕੀਤਾ ਜਾਵੇਗਾ ਜਾਗਰੂਕ**
- **ਮਾਪੇ ਬੱਚਿਆਂ ਨੂੰ ਓਵਰ-ਲੋਡ ਸਕੂਲੀ ਵਾਹਨਾਂ 'ਚ ਬਿਠਾਉਣ ਤੋਂ ਕਰਨ ਗੁਰੇਜ਼-ਡਿਪਟੀ ਕਮਿਸ਼ਨਰ**

ਮੋਗਾ 8 ਜਨਵਰੀ:

ਜ਼ਿਲ੍ਹਾ ਮੋਗਾ ਅੰਦਰ ਟ੍ਰੈਫਿਕ ਦੀ ਸਮੱਸਿਆ ਨੂੰ ਦੂਰ ਕਰਨ ਅਤੇ ਸੁਚਾਰੂ ਆਵਾਜਾਈ ਲਈ ਜ਼ਿਲ੍ਹਾ ਪ੍ਰਸ਼ਾਸਨ ਹਮੇਸ਼ਾ ਹੀ ਯਤਨਸ਼ੀਲ ਹੈ। ਜ਼ਿਲ੍ਹਾ ਪ੍ਰਸਾਸਨ ਵੱਲੋਂ ਅਜੋਕੇ ਸਮੇਂ ਵਿੱਚ ਵਧ ਰਹੇ ਸੜਕੀ ਹਾਦਸਿਆਂ ਨੂੰ ਘੱਟ ਕਰਨ ਅਤੇ ਆਮ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਪ੍ਰਤੀ ਜਾਗਰੂਕ ਕਰਨ ਦੇ ਮੰਤਵ ਨਾਲ ਸਮੇਂ-ਸਮੇਂ ਤੇ ਸੈਮੀਨਾਰਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਮਿਤੀ 10 ਤੋ 16 ਜਨਵਰੀ 2016 ਤੱਕ ਸੜਕ ਸੁਰੱਖਿਆ ਸਪਤਾਹ ਦੌਰਾਨ ਵੱਧ ਤੋਂ ਵੱਧ ਲੋਕਾਂ ਨੂੰ ਸੈਮੀਨਾਰਾਂ/ਜਾਗਰੂਕਤਾ ਕੈਂਪਾਂ ਰਾਹੀਂ ਟ੍ਰੈਫ਼ਿਕ ਨਿਯਮਾਂ ਬਾਰੇ ਜਾਗਰੂਕ ਕੀਤਾ ਜਾਵੇਗਾ।

ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਮੋਗਾ ਸ੍ਰ: ਪਰਮਿੰਦਰ ਸਿੰਘ ਗਿੱਲ ਨੇ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਮੋਗਾ ਦੇ ਮੀਟਿੰਗ ਹਾਲ ਵਿਖੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕਹੇ। ਉਨ੍ਹਾਂ ਦੇ ਨਾਲ ਵਧੀਕ ਡਿਪਟੀ ਕਮਿਸ਼ਨਰ ਸ੍ਰ: ਅਰਵਿੰਦ ਪਾਲ ਸਿੰਘ ਸੰਧੂ ਵੀ ਹਾਜ਼ਰ ਸਨ। ਉਨ੍ਹਾਂ ਦੱਸਿਆ  ਕਿ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਅੰਦਰ ਆਮ ਲੋਕਾਂ ਨੂੰ 'ਗੋ ਸੇਫ ਸਕੂਲ ਵਾਹਨ' ਸਕੀਮ ਤਹਿਤ ਅਤੇ ਟ੍ਰੈਫਿਕ ਨਿਯਮਾਂ ਸਬੰਧੀ ਜਾਣਕਾਰੀ ਦੇਣ ਲਈ ਸਮੇਂ-ਸਮੇਂ ਤੇ ਵੱਖ-ਵੱਖ ਸਕੂਲਾਂ/ਕਾਲਜਾਂ ਅਤੇ ਵਿਦਿਅਕ ਅਦਾਰਿਆਂ 'ਚ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋ ਸੈਮੀਨਾਰ, ਰੈਲੀਆਂ ਅਤੇ ਟ੍ਰੈਨਿੰਗ ਕੈਂਪ ਆਦਿ ਲਗਾ ਕੇ ਵੱਧ ਤੋ ਵੱਧ ਆਮ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਹੀ ਸਕੂਲੀ ਵਾਹਨਾਂ ਦੀ ਜਾਂਚ ਵੀ ਕੀਤੀ ਜਾਂਦੀ ਹੈ। ਉਹਨਾਂ ਵੱਖ-ਵੱਖ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਓਵਰ-ਲੋਡ ਸਕੂਲੀ ਬੱਸਾਂ/ਵਾਹਨਾਂ 'ਚ ਨਾ ਬਿਠਾਉਣ ਅਤੇ ਦੋ-ਪਹੀਆ ਵਾਹਨ ਦੇ ਕੇ ਸਕੂਲ ਭੇਜਣ ਤੋ ਗੁਰੇਜ਼ ਕਰਨ।

ਸ੍ਰ ਗਿੱਲ ਨੇ ਦੱਸਿਆ ਮਿਤੀ 10 ਤੋ 16 ਜਨਵਰੀ 2016 ਤੱਕ ਸੜਕ ਸੁਰੱਖਿਆ ਸਪਤਾਹ ਮਨਾਇਆ ਜਾ ਰਿਹਾ ਹੈ ਅਤੇ 10 ਜਨਵਰੀ ਨੂੰ ਟਰੱਕ ਯੂਨੀਅਨ ਮੋਗਾ ਵਿਖੇ ਅੱਖਾਂ ਦਾ ਚੈਕਅੱਪ ਕੈਂਪ ਅਤੇ ਟ੍ਰੈਫਿਕ ਐਜੂਕੇਸ਼ਨ ਸੈਂਲ ਦੇ ਇੰਚਾਰਜ਼ ਤਰਸੇਮ ਸਿੰਘ ਵੱਲੋ ਟ੍ਰੈਫਿਕ ਨਿਯਮਾਂ ਦੀ ਜਾਣਕਾਰੀ ਦਿੱਤੀ ਜਾਵੇਗੀ। ਇਸੇ ਤਰਾਂ ਇਸ ਹਫਤੇ ਦੌਰਾਨ ਟ੍ਰੈਫਿਕ ਨਿਯਮਾਂ ਨੂੰ ਅਪਣਾਉਣ ਸਬੰਧੀ ਰੋਡ ਸ਼ੋਅ ਕੀਤਾ ਜਾਵੇਗਾ ਅਤੇ ਔਰਤਾਂ ਨੂੰ ਡੀ.ਟੀ.ਓ ਦਫ਼ਤਰ ਵਿਖੇ ਵੱਖਰੀ ਕਤਾਰ ਵਿੱਚ ਲਰਨਿੰਗ ਲਾਇਸੰਸ ਬਣਾਉਣ ਦੀ ਤਰਜੀਹ ਦਿੱਤੀ ਜਾਵੇਗੀ।ਇਸੇ ਤਰਾਂ ਪੇਟਿੰਗ ਮੁਕਾਬਲੇ ਕਰਵਾਏ ਜਾਣਗੇ, ਵਾਹਨਾਂ ਤੇ ਰਿਫੈਲਕਟਰ ਅਤੇ ਆਵਾਰਾ ਪਸ਼ੂਦੇ ਗਲ ਵਿੱਚ ਰਿਫਲੈਕਟਰ ਬੈਲਟਾਂ ਪਹਿਨਾਈਆਂ ਜਾਣਗੀਆਂ।ਉਨ੍ਹਾਂ ਇਹ ਵੀ ਦੱਸਿਆ ਕਿ ਇਸ ਹਫਤੇ ਦੌਰਾਨ ਹੈਲਮੇਟ ਪਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ ਤਾਂ ਕਿ ਸੜਕਾਂ ਤੇ ਹੋਣ ਵਾਲੀਆਂ ਦੁਰਘਟਨਾਵਾਂ ਤੋ ਬਚਿਆ ਜਾ ਸਕੇ।

ਇਸ ਮੀਟਿੰਗ 'ਚ ਐਸ.ਡੀ.ਐਮ ਨਿਹਾਲ ਸਿੰਘ ਵਾਲਾ ਜੋਤੀ ਬਾਲਾ ਮੱਟੂ, ਜ਼ਿਲਾ ਮਾਲ ਅਫ਼ਸਰ ਸਵਿਤਾ ਰਾਣੀ, ਸਮੂਹ ਤਹਿਸੀਲਦਾਰ ਤੇ ਨਾਇਬ ਤਹਿਸੀਲਦਾਰ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

-------------

ਨੰ:ਪੀ.ਆਰ (ਪ੍ਰੈ ਰੀ)-2016/14

**ਫੋਟੋ ਨੱਥੀ ਹੈ ਜੀ**

